ਪੰਜਾਬੀ ਬੋਲੋ ਪੰਜਾਬੀ ਪੜ੍ਹੋ ਪੰਜਾਬੀ ਲਿਖੋ

## ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ
## ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ
## ਪੰਜਾਬ ਐਸ.ਸੀ.ਓ. 104-106, ਸੈਕਟਰ 34 ਏ, ਚੰਡੀਗੜ੍ਹ

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ.ਸਿ ਅਤੇ ਐ.ਸਿ)
ਪੰਜਾਬ

ਮੀਮੋ ਨੰ. ਏ.ਐਸ.ਪੀ.ਡੀ/ਮੀਡੀਆ/2009/74999-75039
ਮਿਤੀ ਚੰਡੀਗੜ੍ਹ 4.11.09

**ਵਿਸ਼ਾ:- ਦਫ਼ਤਰੀ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿੱਚ ਕਰਨ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਭਲੀਭਾਂਤ ਪਤਾ ਹੀ ਹੈ ਕਿ ਦਫ਼ਤਰਾਂ ਵਿੱਚ ਪੰਜਾਬੀ ਭਾਸ਼ਾ ਨੂੰ ਯੋਗ ਮਾਣ ਦਿਵਾਉਣ ਲਈ ਪੰਜਾਬ ਰਾਜ ਭਾਸ਼ਾ ਐਕਟ, 1967 ਅਤੇ ਪੰਜਾਬ, ਪੰਜਾਬੀ ਅਤੇ ਦੂਜੀਆਂ ਭਾਸ਼ਾਵਾਂ ਪੜ੍ਹਾਈ ਐਕਟ, 2008 ਨੂੰ ਪੂਰੀ ਤਰ੍ਹਾਂ ਲਾਗੂ ਕਰਨਾ ਪੰਜਾਬ ਸਰਕਾਰ ਦੀ ਭਾਸ਼ਾ ਨੀਤੀ ਦਾ ਮੁੱਖ ਮਨੋਰਥ ਹੈ। ਇਸ ਐਕਟ ਦੇ ਤਹਿਤ ਵਿਭਾਗੀ ਕੰਮ-ਕਾਜ ਵਿੱਚ ਪੰਜਾਬੀ ਭਾਸ਼ਾ ਦੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਸਰਕਾਰ ਵੱਲੋਂ ਸਮੇਂ ਸਮੇਂ ਸਿਰ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਰਹੀਆਂ ਹਨ ਕਿ ਜਿਹੜੇ ਅਧਿਕਾਰੀ/ਕਰਮਚਾਰੀ ਪੰਜਾਬ ਸਰਕਾਰ ਦੀ ਭਾਸ਼ਾ ਨੀਤੀ ਅਨੁਸਾਰ ਆਪਣੇ ਦਫ਼ਤਰੀ ਕੰਮ-ਕਾਜ ਵਿੱਚ ਪੰਜਾਬੀ ਭਾਸ਼ਾ ਦੀ ਵਰਤੋਂ ਨਹੀਂ ਕਰਨਗੇ ਉਹਨਾਂ ਵਿਰੁੱਧ ਸਰਕਾਰੀ ਕਰਮਚਾਰੀ ਆਚਰਣ ਨਿਯਮਾਂਵਲੀ, 1970 ਦੇ ਨਿਯਮ 5 ਤਹਿਤ ਕਾਰਵਾਈ ਕੀਤੀ ਜਾਇਆ ਕਰੇਗੀ।

3.0 ਆਪ ਜੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੰਜਾਬ ਰਾਜ ਭਾਸ਼ਾ ਐਕਟ, 1967 ਅਤੇ ਇਸ ਤਹਿਤ ਸਮੇਂ ਸਮੇਂ ਸਿਰ ਜਾਰੀ ਹੋਈਆਂ ਸਰਕਾਰੀ ਹਦਾਇਤਾਂ ਅਨੁਸਾਰ ਆਪ ਵੱਲੋਂ ਅਤੇ ਸਿੱਖਿਆ ਵਿਭਾਗ ਦੇ ਆਪਣੇ ਹੇਠਲੇ ਅਧਿਕਾਰੀਆਂ/ਕਰਮਚਾਰੀਆਂ ਦਾ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿੱਚ ਕੀਤਾ ਜਾਵੇ। ਜੇਕਰ ਕੋਈ ਅਧਿਕਾਰੀ/ਕਰਮਚਾਰੀ ਸਰਕਾਰ ਦੀ ਭਾਸ਼ਾ ਨੀਤੀ ਦੀ ਪਾਲਣਾ ਕਰਨ ਤੋਂ ਕੁਤਾਹੀ ਵਰਤਦਾ ਹੈ ਤਾਂ ਉਸ ਵਿਰੁੱਧ ਉਕਤ ਦਰਸਾਏ ਗਏ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

4.0 ਮਿਸਲ ਤੇ ਸਾਰਾ ਕੰਮ ਕਾਜ ਪੰਜਾਬੀ ਭਾਸ਼ਾ ਵਿਚ ਕੀਤਾ ਜਾਵੇ।

5.0 ਹਰ ਅਧਿਕਾਰੀ/ਕਰਮਚਾਰੀ ਸਮੇਤ ਹਰ ਦਫ਼ਤਰ ਦੇ ਨਾਮ, ਪੱਟੀ/ਬੋਰਡ, ਅਧਿਕਾਰੀਆਂ ਦਾ ਤਾਇਨਾਤੀ ਸਬੰਧੀ ਬੋਰਡ ਪੰਜਾਬੀ ਭਾਸ਼ਾ ਵਿੱਚ ਲਿਖੇ ਜਾਣ।

6.0 ਆਪਣੇ ਕਰਮਚਾਰੀਆਂ ਅਤੇ ਅਧਿਕਾਰੀਆਂ ਦੇ ਕੰਮ ਕਾਜ ਦੀ ਨਿਗਰਾਨੀ/ਅਗਵਾਈ ਲਈ ਸਰਕਾਰੀ ਦੌਰੇ ਤੇ ਜਦ ਆਪ ਜਾਂਦੇ ਹੋ ਉਸ ਸਮੇਂ ਵਿਭਾਗ ਦੀ ਹੋਰਨਾਂ ਕੰਮਾਂ ਕਾਰਾਂ ਤੋਂ ਇਲਾਵਾ ਸਰਕਾਰ ਦੀ ਭਾਸ਼ਾ ਨੀਤੀ ਦੀ ਪਾਲਣਾ ਦੇ ਨਜ਼ਰੀਏ ਤੋਂ ਵੀ ਉਹਨਾਂ ਦਾ ਕੰਮ ਕਾਜ ਪੰਜਾਬੀ ਭਾਸ਼ਾ ਤੇ ਨਜ਼ਰਸਾਨੀ ਦੀ ਖੇਚਲ ਕੀਤੀ ਜਾਵੇ।

7.0 ਹੁਕਮਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ ਜੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**

ਪਿੱਠਅੰਕਣ ਨੰ:- ਉਕਤ/75040-75043 ਮਿਤੀ 4.11.09

ਉਤਾਰਾ:-(1) ਡੀ.ਪੀ.ਆਈ (ਸੈ.ਸਿ), ਪੰਜਾਬ।
(2) ਡੀ.ਪੀ.ਆਈ (ਐ.ਸਿ), ਪੰਜਾਬ।
(3) ਮੰਡਲ ਸਿੱਖਿਆ ਅਫ਼ਸਰ, ਫਰੀਦਕੋਟ, ਨਾਭਾ ਅਤੇ ਜਲੰਧਰ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**